Press Note

**JAGAT GURU NANAK DEV PUNJAB STATE OPEN UNIVERSITY, PATIALA**

(Established by Act No.19 of 2019 of Legislature of the State of Punjab)

PSOU/PRO/2025/154

01 ਅਪ੍ਰੈਲ 2025

## ਓਪਨ ਯੂਨੀਵਰਸਿਟੀ ਵੱਲੋਂ ਸ਼ਬਦਾਂ ਦੇ ਮਾਹਿਰ ਪ੍ਰਸਿੱਧ ਲੇਖਕ ਪ੍ਰੇਮ ਪ੍ਰਕਾਸ਼ ਨੂੰ ਸ਼ਰਧਾਂਜਲੀ

**01 ਅਪ੍ਰੈਲ 2025**

ਸਕੂਲ ਆਫ਼ ਲੈਂਗੂਏਜ਼, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਅਨਿੰਦਿਤਾ ਮਿੱਤਰਾ (ਆਈ.ਏ.ਐਸ.) ਵਾਇਸ ਚਾਂਸਲਰ ਦੀ ਅਗਵਾਈ ਹੇਠ ਪ੍ਰਸਿੱਧ ਲੇਖਕ ਪ੍ਰੇਮ ਪ੍ਰਕਾਸ਼ ਨੂੰ ਸ਼ਰਧਾਂਜਲੀ ਦਿੱਤੀ ਗਈ। ਉਨ੍ਹਾਂ ਦੀਆਂ ਕਹਾਣੀਆਂ ਨੇ ਪੰਜਾਬੀ ਸਾਹਿਤ ਵਿੱਚ ਇੱਕ ਵੱਖਰੀ ਪਛਾਣ ਬਣਾਈ। ਪ੍ਰੇਮ ਪ੍ਰਕਾਸ਼ ਦੀਆਂ ਲਿਖਤਾਂ *ਕੱਚ ਕੜੇ (1966), ਨਮਾਜ਼ੀ (1971), ਮੁਕਤੀ (1980), ਸ਼ਵੇਤਾਂਬਰ ਨੇ ਕਿਹਾ ਸੀ (1983), ਦਸਤਾਵੇਜ (ਪੰਜਾਬ ਦੀ ਨਕਸਲੀ ਲਹਿਰ ਬਾਰੇ ਚਰਚਿਤ ਨਾਵਲ)* ਆਦਿ ਸ਼ਾਮਲ ਹਨ। ਪ੍ਰੇਮ ਪ੍ਰਕਾਸ਼ ਨੇ 1953 ਤੋਂ 1962 ਤੱਕ ਪ੍ਰਾਇਮਰੀ ਸਕੂਲ ਅਧਿਆਪਕ ਵਜੋਂ ਕੰਮ ਕੀਤਾ ਅਤੇ ਫਿਰ ਜਲੰਧਰ ਦੇ ਉਰਦੂ ਅਖ਼ਬਾਰ ਰੋਜ਼ਾਨਾ ਮਿਲਾਪ ਵਿੱਚ (1964 ਤੋਂ 1969 ਤੱਕ) ਅਤੇ ਰੋਜ਼ਾਨਾ ਹਿੰਦ ਸਮਾਚਾਰ ਵਿੱਚ 1969 ਤੋਂ 1990 ਤਕ ਸਬ ਐਡੀਟਰ ਵਜੋਂ ਕੰਮ ਕੀਤਾ।

ਡਾ. ਨਵਲੀਨ ਮੁਲਤਾਨੀ, ਡੀਨ ਰਿਸਰਚ, ਨੇ ਪ੍ਰੇਮ ਪ੍ਰਕਾਸ਼ ਦੀ ਲਿਖਤ ਨੂੰ ਸਮਾਜਿਕ ਜਾਗਰੂਕਤਾ ਦਾ ਮਹੱਤਵਪੂਰਨ ਸਾਧਨ ਦੱਸਿਆ। ਉਨ੍ਹਾਂ ਕਿਹਾ ਕਿ ਪ੍ਰੇਮ ਪ੍ਰਕਾਸ਼ ਦੀਆਂ ਕਹਾਣੀਆਂ ਨੇ ਸਮਾਜਿਕ ਤਬਦੀਲੀਆਂ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਮੌਕੇ 'ਤੇ ਡਾ. ਅਮਰਜੀਤ ਸਿੰਘ ਨੇ ਪ੍ਰੇਮ ਪ੍ਰਕਾਸ਼ ਦੀ ਲਿਖਤ ਨੂੰ ਯੁੱਗ-ਪਰਿਵਰਤਕ ਦੱਸਦਿਆਂ ਕਿਹਾ ਕਿ ਉਨ੍ਹਾਂ ਦੀ ਲਿਖਤ ਨੇ ਪੰਜਾਬੀ ਸਮਾਜ ਨੂੰ ਗਹਿਰੀ ਸੋਚ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ। ਡਾ. ਧਰਮਿੰਦਰ ਸਿੰਘ ਨੇ ਉਨ੍ਹਾਂ ਦੇ ਸਾਹਿਤਕ ਯੋਗਦਾਨ ਬਾਰੇ ਦਸਦਿਆਂ ਕਿਹਾ ਕਿ ਉਨ੍ਹਾਂ ਦੀ ਲਿਖਤ ਆਮ ਆਦਮੀ ਦੇ ਜੀਵਨ ਨਾਲ ਸਬੰਧ ਰੱਖਦੀਆਂ ਹਨ । ਇਸ ਸ਼ਰਧਾਂਜਲੀ ਸਮਾਗਮ ਵਿੱਚ ਡਾ. ਅਮਰਜੀਤ ਸਿੰਘ, ਡਾ. ਧਰਮਿੰਦਰ ਸਿੰਘ, ਡਾ. ਵਿਨੋਦ ਕੁਮਾਰ, ਪ੍ਰੋ. ਸਰਵਰਿੰਦਰ ਸਿੰਘ, ਪ੍ਰੋ. ਗੁਰਮੰਦੇਸ਼ ਸਿੰਘ ਅਤੇ ਵਿਦਿਆਰਥੀ ਸ਼ਾਮਿਲ ਹੋਏ।

01/04/25

ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

Photo



